File No.SED-EDU303/93/2022-3EDU3 1/466154/22

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

ਸੇਵਾ ਵਿਖੇ

ਪ੍ਰਿੰਸੀਪਲ,
ਅਕਾਲ ਅਕੈਡਮੀ ਸੰਗਾ,
ਤਹਿਸੀਲ ਸਰਦੂਲਗੜ੍ਹ, ਜਿਲ੍ਹਾ ਮਾਨਸਾ।

ਮਿਤੀ:ਚੰਡੀਗੜ੍ਹ: 30.11.22

ਵਿਸ਼ਾ:- ਅਕਾਲ ਅਕੈਡਮੀ ਸੰਗਾ, ਤਹਿਸੀਲ ਸਰਦੂਲਗੜ੍ਹ ਜਿਲ੍ਹਾ ਮਾਨਸਾ ਨੂੰ ਸੀ.ਬੀ.ਐਸ.ਈ. ਨਵੀਂ ਦਿੱਲੀ ਨਾਲ ਐਫੀਲੀਏਸ਼ਨ ਲੈਣ ਲਈ ਦਸਵੀਂ ਪੱਧਰ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਸਬੰਧੀ।

******

ਉਪਰਕੋਤ ਵਿਸ਼ੇ ਤੇ ਆਪ ਵੱਲੋਂ ਪੋਰਟਲ ਤੇ ਐਪਲੀਕੇਸ਼ਨ ਨੰ. 0CF099E03A ਰਾਹੀਂ ਅਪਲਾਈ ਕੀਤੇ ਕੇਸ ਦੇ ਹਵਾਲੇ ਵਿੱਚ।

2. ਸਕੂਲ ਦੀ ਮੈਨੇਜਮੈਂਟ ਵੱਲੋਂ ਪੇਸ਼ ਕੀਤੇ ਗਏ ਦਸਤਾਵੇਜਾਂ ਸਮੇਤ ਹਲਫੀਆਂ ਬਿਆਨ, ਜਿਲ੍ਹਾ ਸਿੱਖਿਆ ਅਫਸਰ (ਸੈ:ਸਿ) ਮਾਨਸਾ ਅਤੇ ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਮੋਹਾਲੀ ਦੀਆਂ ਸਿਫਾਰਸ਼ਾਂ ਨੂੰ ਗਹੁ ਨਾਲ ਵਿਚਾਰਨ ਤੋਂ ਬਾਅਦ ਪੰਜਾਬ ਸਰਕਾਰ ਵੱਲੋਂ ਲੋੜੀਂਦਾ ਦਸਵੀਂ ਪੱਧਰ ਦਾ ਇਤਰਾਜਹੀਣਤਾ ਸਰਟੀਫਿਕੇਟ ਹੇਠ ਲਿਖੀਆਂ ਸ਼ਰਤਾਂ ਤੇ ਦਿੱਤਾ ਜਾਂਦਾ ਹੈ:-

1. ਭਵਿੱਖ ਵਿਚ ਕਿਸੇ ਵੀ ਸ਼ਿਕਾਇਤ/ਇੰਸਪੈਕਸ਼ਨ ਹੋਣ ਤੇ ਜੇਕਰ ਇਹ ਤੱਥ ਸਾਹਮਣੇ ਆਉਂਦਾ ਹੈ ਕਿ ਆਪ ਵੱਲੋਂ ਇਤਰਾਜਹੀਣਤਾ ਸਰਟੀਫਿਕੇਟ ਲੈਣ ਸਮੇਂ ਸਰਕਾਰ ਨੂੰ ਗਲਤ ਸੂਚਨਾ ਦੇ ਅਧਾਰ ਤੇ ਦਰਖਾਸਤ ਦਿੱਤੀ ਗਈ ਹੈ ਅਤੇ ਜਾਂ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਆਪ ਵੱਲੋਂ ਪਾਲਣਾ ਨਹੀਂ ਕੀਤੀ ਜਾਂਦੀ ਅਤੇ ਇਸ ਤਰ੍ਹਾਂ ਹਲਫੀਆਂ ਬਿਆਨ ਵਿੱਚ ਦਿੱਤੀਆਂ ਲਿਖਤੀ ਸ਼ਰਤਾਂ ਨੂੰ ਨਹੀਂ ਮੰਨਿਆ ਜਾਂਦਾ, ਤਾਂ ਅਜਿਹੇ ਹਾਲਤ ਵਿੱਚ ਕਿਸੇ ਵੀ ਸਮੇਂ ਇਹ ਇਤਰਾਜਹੀਣਤਾ ਸਰਟੀਫਿਕੇਟ ਵਾਪਸ ਲਿਆ ਜਾ ਸਕਦਾ ਹੈ।
2. ਆਪ ਦੇ ਸਕੂਲ ਵਿੱਚ ਪੰਜਾਬੀ ਨੂੰ ਪੜ੍ਹਾਉਣਾ ਦਸਵੀਂ ਪੱਧਰ ਤੱਕ ਲਾਜਮੀ ਹੋਵੇਗਾ ਅਤੇ **ਸੀ.ਬੀ.ਐਸ.ਈ** ਨਵੀਂ ਦਿੱਲੀ ਅਜਿਹੇ ਸਕੂਲਾਂ ਵਿੱਚ ਪੰਜਾਬੀ ਦਾ ਇਮਤਿਹਾਨ ਲੈਣ ਦਾ ਉਪਰਾਲਾ ਲਾਜਮੀ ਕਰੇਗਾ ਅਤੇ ਇਸ ਦੇ ਨਾਲ ਹੀ ਇਹ ਵੀ ਕਿਹਾ ਜਾਂਦਾ ਹੈ ਕਿ ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।
3. ਸਕੂਲ ਮੈਨੇਜਮੈਂਟ, ਸਿੱਖਿਆ ਵਿਭਾਗ ਪੰਜਾਬ ਸਰਕਾਰ ਵੱਲੋਂ ਆਰ.ਟੀ.ਈ.ਐਕਟ 2009 ਦੇ ਤਹਿਤ ਜਾਰੀ ਕੀਤੇ ਨੋਟੀਫਿਕੇਸ਼ਨ ਅਤੇ ਪੰਜਾਬ ਰਾਜ ਲਈ ਬਣਾਏ ਆਰ.ਟੀ.ਈ.ਐਕਟ-2009 ਦੇ ਰੂਲਾਂ ਦੀ ਇੰਨ-ਬਿਨ ਪਾਲਣਾ ਕਰੇਗੀ।
4. **ਸੀ.ਬੀ.ਐਸ.ਈ** ਨਵੀਂ ਦਿੱਲੀ ਦੀ ਐਫੀਲੀਏਸ਼ਨ ਲੈਣ ਉਪਰੰਤ ਸਕੂਲ ਦੀ ਮੈਨਜਮੈਂਟ ਸਕੂਲ ਦੇ ਟੀਚਿੰਗ ਸਟਾਫ ਅਤੇ ਨਾਨ ਟੀਚਿੰਗ ਸਟਾਫ ਨੂੰ ਸਰਕਾਰੀ ਕਰਮਚਾਰੀਆਂ ਵਾਂਗ ਤਨਖਾਹ ਅਤੇ

P.T.O.

Scanned with CamScanner

ਹੋਰ ਭੱਤੇ ਆਦਿ ਅਕਾਉਂਟ ਪੇਈ ਚੈਕਾਂ ਰਾਹੀਂ ਦੇਣ ਲਈ ਵਚਨਵੱਧ ਹੋਵੇਗੀ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

5. ਤੁਸੀ ਖੁਦ ਤੇ ਤੁਹਾਡੀ ਮੈਨੇਜਮੈਂਟ ਇਹ ਵੀ ਯਕੀਨੀ ਬਣਾਏਗੀ ਕਿ ਤੁਹਾਡੇ ਜਿਲ੍ਹੇ ਦੇ ਸਿੱਖਿਆ ਅਫਸਰ ਵੱਲੋਂ ਜਾਂ ਸਿੱਖਿਆ ਵਿਭਾਗ ਦੇ ਕਿਸੇ ਸੀਨੀਅਰ ਅਧਿਕਾਰੀ ਵੱਲੋਂ ਜਦੋਂ ਵੀ ਕਿਸੇ ਤਰ੍ਹਾਂ ਦੀ ਸੂਚਨਾ ਦੀ ਮੰਗ ਕੀਤੀ ਜਾਂਦੀ ਹੈ ਤਾਂ ਉਸਨੂੰ ਲੋੜੀਂਦੀ ਸੂਚਨਾ ਉਪਲੱਬਧ ਕਰਵਾਈ ਜਾਵੇਗੀ ਅਤੇ ਨਾਲ ਹੀ ਲੋੜੀਂਦਾ ਸਹਿਯੋਗ ਵੀ ਦਿੱਤਾ ਜਾਵੇਗਾ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਤੁਰੰਤ ਵਾਪਿਸ ਲੈ ਲਿਆ ਜਾਵੇਗਾ।

6 ਬੱਚਿਆ ਦੀ ਸੁਰੱਖਿਆ, ਪਬਲਿਕ ਹੈਲਥ ਸੈਨੀਟੇਸ਼ਨ ਅਤੇ ਹੋਰ ਇਤਰਾਜਹੀਣਤਾ ਸਰਟੀਫਿਕੇਟ ਜਾਰੀ ਕਰਨ ਦੀਆਂ ਸ਼ਰਤਾਂ ਦਾ ਸਮੇਂ -2 ਨਿਰੀਖਣ ਪੰਜਾਬ ਸਰਕਾਰ ਦੇ ਅਧਿਕਾਰੀਆਂ ਵੱਲੋਂ ਕੀਤਾ ਜਾਵੇਗਾ।

7. **ਸਕੂਲ ਵੱਲੋਂ ਜਮ੍ਹਾਂ ਕਰਵਾਏ ਦਸਤਾਵੇਜਾਂ ਅਤੇ ਸਬੰਧਤ ਤਹਿਸੀਲਦਾਰ ਦੀ ਰਿਪੋਰਟ ਅਨੁਸਾਰ ਸਕੂਲ ਕੋਲ 46 ਕਨਾਲ 10 ਮਰਲੇ ਜਮੀਨ ਅਤੇ ਸਕੂਲ ਵੱਲੋਂ 16 ਕਨਾਲ 6 ਮਰਲੇ (2.041 ਏਕੜ) ਦੀ ਸੀ.ਐਲ.ਯੂ. ਪ੍ਰਾਪਤ ਕੀਤੀ ਹੈ। ਜਮੀਨ ਵਿੱਚ ਸਬੰਧਤ ਜਿਲ੍ਹਾ ਸਿੱਖਿਆ ਅਫਸਰ ਦੀ ਰਿਪੋਰਟ ਅਨੁਸਾਰ ਜੇਕਰ ਆਪ ਵੱਲੋਂ ਸਕੂਲ ਮੰਤਵ ਲਈ ਵੱਧ 2.041 ਏਕੜ ਤੋਂ ਵੱਧ ਜਮੀਨ ਦੀ ਵਰਤੋਂ ਕੀਤੀ ਜਾ ਰਹੀ ਹੈ ਤਾਂ ਆਪ ਰਹਿੰਦੀ ਜਮੀਨ ਦਾ ਸੀ.ਐਲ.ਯੂ. ਸਰਕਾਰ ਪਾਸ ਜਮ੍ਹਾ ਕਰਵਾਉਣ ਦੇ ਪਾਬੰਦ ਹੋਵੋਂਗੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਇਤਰਾਜਹੀਣਤਾ ਸਰਟੀਫਿਕੇਟ ਰੱਦ ਕੀਤਾ ਜਾਵੇਗਾ।**

7. ਪੰਜਾਬ ਸਰਕਾਰ ਵੱਲੋਂ ਪੱਤਰ ਨੰ:2/93/2009/3ਸਿ3/1360154 ਮਿਤੀ 26.11.2018 ਰਾਹੀਂ ਜਾਰੀ ਕੀਤੀਆਂ ਗਾਈਡਲਾਇਨਜ਼ ਦੀ ਇੰਨ ਬਿੰਨ ਪਾਲਣਾ ਕੀਤੀ ਜਾਵੇ।

30-11-22

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

ਪਿੱ:ਅੰ:ਨੰ: SED-EDU303/93/2022-3EDU3/ ਮਿਤੀ, ਚੰਡੀਗੜ੍ਹ:

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ:ਸਿ), ਪੰਜਾਬ, ਚੰਡੀਗੜ੍ਹ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਪਰੋਕਤ ਸਕੂਲ ਦੀ ਹਰ ਪੰਜ ਸਾਲ ਵਿੱਚ ਘੱਟੋ-ਘੱਟ ਇਕ ਵਾਰ ਇੰਸਪੈਕਸ਼ਨ ਹਰ ਹਾਲਤ ਵਿੱਚ ਕਰਵਾਈ ਜਾਵੇ ਅਤੇ ਇੰਸਪੈਕਸ਼ਨ ਰਿਪੋਰਟ ਸਰਕਾਰ ਨੂੰ ਭੇਜੀ ਜਾਵੇ। ਸਬੰਧਤ ਸਕੂਲ ਤੋਂ ਉਪਰੋਕਤ ਜਾਰੀ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ।

2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ.), ਮਾਨਸਾ ਨੂੰ ਭੇਜਦੇ ਹੋਏ ਲਿੱਖਿਆ ਜਾਂਦਾ ਹੈ ਕਿ ਸਕੂਲ ਦੀ ਜਮੀਨ ਸਬੰਧੀ ਨਿਰੀਖਣ ਕੀਤਾ ਜਾਵੇ ਅਤੇ ਸਰਕਾਰ ਨੂੰ ਰਿਪੋਰਟ ਕੀਤੀ ਜਾਵੇ ਕਿ ਸੋਸਾਇਟੀ ਵੱਲੋਂ ਸਕੂਲ ਮੰਤਵ ਲਈ ਕਿੰਨੀ ਜਗ੍ਹਾ ਦੀ ਵਰਤੋਂ ਕੀਤੀ ਜਾ ਰਹੀ ਹੈ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

Scanned with CamScanner

**ਪੰਜਾਬ ਸਰਕਾਰ**

**ਸਿੱਖਿਆ ਵਿਭਾਗ**

**(ਸਿੱਖਿਆ-3 ਸ਼ਾਖਾ)**

**ਮੀਮੋ ਨੰ.** SED-EDU303/93/2022-3EDU3 1/466153/22 **ਮਿਤੀ, ਚੰਡੀਗੜ੍ਹ:** 30.11.22

ਅਕਾਲ ਅਕੈਡਮੀ ਸੰਗਾ, ਤਹਿਸੀਲ ਸਰਦੂਲਗੜ੍ਹ ਜਿਲ੍ਹਾ ਮਾਨਸਾ ਨੂੰ ਦਸਵੀਂ ਪੱਧਰ ਦੀ ਮਾਨਤਾ ਹੇਠ ਲਿਖੀਆਂ ਸ਼ਰਤਾਂ ਤੇ ਦਿੱਤੀ ਜਾਂਦੀ ਹੈ:-

1. ਸਕੂਲ The Right of Children to Free and Compulsory Education Act, 2009 ਦੀ ਪਾਲਣਾ ਕਰੇਗਾ।
2. ਸਕੂਲ ਪੰਜਾਬ ਸਰਕਾਰ ਵੱਲੋਂ ਸਮੇਂ-ਸਮੇਂ ਸਿਰ ਜਾਰੀ ਕੀਤੀਆਂ ਹਦਾਇਤਾਂ ਦੀ ਪਾਲਣਾ ਕਰਨਾ ਯਕੀਨੀ ਬਣਾਏਗਾ।
3. ਕਿਸੇ ਵੀ ਸਟੇਜ ਤੇ ਤੱਥਾਂ ਦੇ ਗਲਤ ਸਾਬਤ ਹੋਣ ਦੀ ਸੂਰਤ ਵਿੱਚ ਇਹ ਮਾਨਤਾ ਰੱਦ ਕੀਤੀ ਜਾਵੇਗੀ।
4. ਸਕੂਲ ਵੱਲੋਂ ਪੋਰਟਲ ਤੇ ਐਪਲੀਕੇਸ਼ਨ ਨੰ. 0CF099E03A ਰਾਹੀਂ 76,000 ਰੁਪਏ ਦੀ ਪ੍ਰੋਸੈਸਿੰਗ ਫੀਸ ਜਮ੍ਹਾ ਕਰਵਾ ਦਿੱਤੀ ਗਈ ਹੈ।

30.11.22

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

**ਪਿ.ਅੰ.ਨੰ.** SED-EDU303/93/2022-3EDU3 **ਮਿਤੀ, ਚੰਡੀਗੜ੍ਹ:**

ਉਪਰਕੋਤ ਦਾ ਇਕ ਉਤਾਰਾ ਹੇਠ ਲਿੱਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿਤ ਭੇਜਿਆ ਜਾਂਦਾ ਹੈ:

1. ਡਾਇਰੈਕਟਰ ਸਿੱਖਿਆ ਵਿਭਾਗ (ਸੈ.ਸਿ) ਪੰਜਾਬ, ਮੋਹਾਲੀ।
2. ਜਿਲ੍ਹਾ ਸਿੱਖਿਆ ਅਫਸਰ (ਸੈ.ਸਿ), ਮਾਨਸਾ।

**ਵਿਸ਼ੇਸ਼ ਸਕੱਤਰ ਸਕੂਲ ਸਿੱਖਿਆ**

Scanned with CamScanner